# ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ ਬਲਾਕ, ਪੰਜਵੀਂ ਮੰਜਿਲ, ਫੇਜ਼-8, ਅਜੀਤਗੜ੍ਹ।

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),(ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), (ਨੋਟਿਸ ਬੋਰਡ ਰਾਹੀਂ)
ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)
ਪੰਜਾਬ।

ਮੀਮੋ ਨੰ : ਸਸਅ/ਐਮਸੀ/2015/੨੦੧੫੨੧੬੫
ਮਿਤੀ : ੨੫-੦੨-੨੦੧੫

**ਵਿਸ਼ਾ :-** **ਚੌਥੀ ਤੋਂ ਅੱਠਵੀਂ ਦੇ ਸਕੰਲਿਤ ਮੁਲਾਂਕਣ (SA-2), ਮਾਰਚ 2015 ਦੀ ਪ੍ਰੀਖਿਆ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਮਾਰਚ ਮਹੀਨੇ ਵਿੱਚ ਚੌਥੀ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਦਾ ਸਕੰਲਿਤ ਮੁਲਾਂਕਣ (SA-2) ਹੋਣਾ ਹੈ ਅਤੇ ਨੌਵੀਂ ਜਮਾਤ ਲਈ ਮਾਰਚ ਦੀ ਸਾਲਾਨਾ ਪ੍ਰੀਖਿਆ ਲਈ ਜਾਣੀ ਹੈ।ਇਸ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਕਿ ਵਿਦਿਆਰਥੀ ਇਸ ਮੁਲਾਂਕਣ/ਪ੍ਰੀਖਿਆ ਪ੍ਰਤੀ ਪੂਰਨ ਰੂਪ ਵਿੱਚ ਦੁਹਰਾਈ ਕਰ ਸਕਣ ਅਤੇ ਇਸ ਮੁਲਾਂਕਣ ਪ੍ਰਤੀ ਸੰਜੀਦਾ ਹੋ ਜਾਣ, ਤਹਿਤ ਸਮਾਂ ਸਾਰਨੀ ਜਾਰੀ ਕੀਤੀ ਜਾ ਰਹੀ ਹੈ ਜੋ ਕਿ ਹੇਠ ਲਿਖੇ ਅਨੁਸਾਰ ਹੈ:

| ਲੜੀ ਨੰ. | ਮਿਤੀ | ਦਿਨ | ਨੌਵੀਂ | ਅਠੱਵੀਂ | ਸੱਤਵੀਂ | ਛੇਵੀਂ | ਪੰਜਵੀਂ | ਚੌਥੀ |
|---|---|---|---|---|---|---|---|---|
| 1 | 11.03.2015 | ਬੁੱਧਵਾਰ | ਸਾਇੰਸ | ਅੰਗਰੇਜ਼ੀ | ਸਮਾਜਿਕ ਸਿੱਖਿਆ | ਸਮਾਜਿਕ ਸਿੱਖਿਆ | ---- | ---- |
| 2 | 12.03.2015 | ਵੀਰਵਾਰ | ਸਰੀਰਿਕ ਸਿੱਖਿਆ | ਕੰਪਿਊਟਰ | ਸਰੀਰਿਕ ਸਿੱਖਿਆ | ਹਿੰਦੀ | ---- | ---- |
| 3 | 13.03.2015 | ਸ਼ੁੱਕਰਵਾਰ | ਹਿੰਦੀ | ਸਮਾਜਿਕ ਸਿੱਖਿਆ | ਪੰਜਾਬੀ | ਸਰੀਰਿਕ ਸਿੱਖਿਆ | ਹਿੰਦੀ | ਪੰਜਾਬੀ |
| 4 | 16.03.2015 | ਸੋਮਵਾਰ | ਗਣਿਤ | ਗਣਿਤ | ਅੰਗਰੇਜ਼ੀ | ਸਾਇੰਸ | ਗਣਿਤ | ਅੰਗਰੇਜ਼ੀ |
| 5 | 17.03.2015 | ਮੰਗਲਵਾਰ | ਪੰਜਾਬੀ ਏ | ਚੋਣਵਾਂ ਵਿਸ਼ਾ | ਕੰਪਿਊਟਰ | ਚੋਣਵਾ ਵਿਸ਼ਾ | ---- | ---- |
| 6 | 18.03.2015 | ਬੁੱਧਵਾਰ | ਪੰਜਾਬੀ ਬੀ | ਪੰਜਾਬੀ | ਹਿੰਦੀ | ਪੰਜਾਬੀ | ਅੰਗਰੇਜ਼ੀ | ਗਣਿਤ |
| 7 | 19.03.2015 | ਵੀਰਵਾਰ | ਕੰਪਿਊਟਰ | ਸਰੀਰਿਕ ਸਿੱਖਿਆ | ਚੋਣਵਾਂ ਵਿਸ਼ਾ | ---- | ਵਾਤਾਵਰਨ ਸਿੱਖਿਆ | ਹਿੰਦੀ |
| 8 | 20.03.2015 | ਸ਼ੁੱਕਰਵਾਰ | ਚੋਣਵਾ ਵਿਸ਼ਾ | ਹਿੰਦੀ | ---- | ਗਣਿਤ | ਪੰਜਾਬੀ | ਵਾਤਾਰਵਰਨ ਸਿੱਖਿਆ |
| 9 | 21.03.2015 | ਸ਼ਨੀਵਾਰ | ਸਮਾਜਿਕ ਸਿੱਖਿਆ | ----- | ਸਾਇੰਸ | ਕੰਪਿਊਟਰ | | |
| 10 | 24.03.2015 | ਮੰਗਲਵਾਰ | ਅੰਗਰੇਜ਼ੀ | ਸਾਇੰਸ | ਗਣਿਤ | ਅੰਗਰੇਜ਼ੀ | | |

ਮੁਲਾਂਕਣ/ਪ੍ਰੀਖਿਆ ਦਾ ਸਮਾਂ ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਰਹੇਗਾ। ਸਕੂਲ ਦੇ ਅਨੁਸ਼ਾਸ਼ਨ ਦੀ ਜਿੰਮੇਵਾਰੀ ਪ੍ਰਿੰਸੀਪਲ/ਹੈੱਡ ਮਾਸਟਰ/ ਸਕੂਲ ਇੰਚਾਰਜ ਦੀ ਹੋਵੇਗੀ।

3.0 ਚੌਥੀ ਤੋਂ ਪੰਜਵੀਂ ਜਮਾਤ ਦੇ SA-2 (ਮਾਰਚ) ਪੰਜ ਵਿਸ਼ਿਆਂ ਅੰਗਰੇਜ਼ੀ, ਹਿੰਦੀ, ਗਣਿਤ, ਵਾਤਾਵਰਨ ਸਿੱਖਿਆ ਅਤੇ ਪੰਜਾਬੀ ਦੇ ਮੁਲਾਂਕਣ ਟੂਲਜ਼ ਦੇ ਸੈਂਪਲਜ਼ ਅਤੇ ਛੇਵੀਂ ਤੋਂ ਨੌਵੀਂ ਜਮਾਤ ਦੇ ਛੇ ਵਿਸ਼ਿਆਂ ਹਿੰਦੀ,

ਪੰਜਾਬੀ, ਗਣਿਤ, ਵਿਗਿਆਨ, ਸਮਾਜਿਕ ਸਿੱਖਿਆ ਅਤੇ ਅੰਗਰੇਜ਼ੀ ਦੇ ਮੁਲਾਂਕਣ ਟੂਲਜ਼/ਪੇਪਰ ਮੁੱਖ ਦਫ਼ਤਰ ਵੱਲੋਂ ਵਿਭਾਗ ਦੀ ਵੈੱਬ-ਸਾਈਟ ਤੇ SA-I ਲਈ ਪਾਏ ਗਏ ਸੈਂਪਲ ਪੇਪਰਾਂ ਦੇ ਨਮੂਨਿਆਂ ਦੇ ਆਧਾਰ ਤੇ ਸਬੰਧਤ ਅਧਿਆਪਕਾਂ ਦੁਆਰਾ ਆਪਣੇ ਪੱਧਰ ਤੇ ਤਿਆਰ ਕੀਤੇ ਜਾਣਗੇ ਅਤੇ ਉਪਰੋਕਤ ਸਮਾਂ ਸਾਰਣੀ ਅਨੁਸਾਰ ਵਿਦਿਆਰਥੀਆਂ ਦਾ ਮੁਲਾਂਕਣ ਕੀਤਾ ਜਾਵੇਗਾ।

**4.0** ਕੰਪਿਊਟਰ ਅਧਿਆਪਕ ਆਪਣੇ ਵਿਸ਼ੇ ਦੇ ਮੁਲਾਂਕਣ ਟੂਲਜ਼/ਪੇਪਰ ਆਪਣੇ ਪੱਧਰ ਤੇ ਪੈਟਰਨ ਅਨੁਸਾਰ ਤਿਆਰ ਕਰਨਗੇ। ਜਿਸਦਾ ਸਮਾਂ ਦੋ ਘੰਟੇ ਹੋਵੇਗਾ। ਪ੍ਰੈਕਟੀਕਲ ਮੁਲਾਂਕਣ ਲਿਖਤੀ ਮੁਲਾਂਕਣ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇ।

**5.0** ਛੇਵੀਂ ਤੋਂ ਨੌਵੀਂ ਜਮਾਤ ਦੇ ਸਾਇੰਸ/ ਹਿਸਾਬ/ ਚੋਣਵੇ ਵਿਸ਼ੇ ਦੀ ਪ੍ਰਯੋਗੀ ਪ੍ਰੀਖਿਆ/ ਮੁਲਾਂਕਣ ਵੀ ਸਬੰਧਤ ਵਿਸ਼ਾ ਅਧਿਆਪਕਾਂ ਵੱਲੋਂ ਲਿਖਤੀ ਮੁਲਾਂਕਣ ਤੋਂ ਪਹਿਲਾਂ ਮਿਤੀ 2 ਮਾਰਚ, 2015 ਤੋਂ 10 ਮਾਰਚ, 2015 ਤੱਕ ਮੁਕੰਮਲ ਕਰ ਲਿਆ ਜਾਵੇ।

**6.0** ਗਿਆਰਵੀਂ ਜਮਾਤ ਦੀ ਸਾਲਾਨਾ ਪ੍ਰੀਖਿਆ (ਮਾਰਚ 2015) ਦੇ ਮੁਲਾਂਕਣ ਲਈ ਸਕੂਲ ਮੁੱਖੀ ਆਪਣੇ ਪੱਧਰ ਤੇ ਸਬੰਧਤ ਵਿਸ਼ਾ ਅਧਿਆਪਕਾਂ ਦੁਆਰਾ, ਪਹਿਲਾਂ ਦੀ ਤਰ੍ਹਾਂ ਪੇਪਰ ਤਿਆਰ ਕਰਵਾ ਲੈਣ ਅਤੇ ਸਕੂਲ ਮੁੱਖੀ ਆਪਣੇ ਪੱਧਰ ਤੇ ਗਿਆਰਵੀਂ ਦੀਆਂ ਸਾਰੀਆਂ Streams ਲਈ ਸਮਾਂ ਸਾਰਣੀ ਜਾਰੀ ਕਰ ਲੈਣ।

**7.0** ਗਿਆਰਵੀਂ ਦੇ ਵਿਦਿਆਰਥੀਆਂ ਦੀ ਸਮਾਂ ਸਾਰਣੀ ਜਾਰੀ ਕਰਨ ਲੱਗਿਆਂ ਸਕੂਲ ਮੁਖੀ ਵੱਲੋਂ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਇਹਨਾਂ ਜਮਾਤਾਂ ਦਾ ਲਿਖਤੀ ਮੁਲਾਂਕਣ ਵੀ 11 ਮਾਰਚ 2015 ਤੋਂ ਸ਼ੁਰੂ ਕੀਤਾ ਜਾਵੇ ਤਾਂ ਜੋ ਸਾਰੇ ਸਕੂਲਾਂ ਵਿੱਚ ਮੁਲਾਂਕਣ ਦਾ ਸਮਾਂ ਇਕਸਾਰ ਰਹੇ। ਇਸ ਤੋਂ ਇਲਾਵਾ ਜਿਹਨਾਂ ਵਿਸ਼ਿਆਂ ਦਾ ਪ੍ਰਯੋਗੀ ਮੁਲਾਂਕਣ ਹੋਣਾ ਹੈ, ਉਹ ਲਿਖਤੀ ਪ੍ਰੀਖਿਆ ਤੋਂ ਪਹਿਲਾਂ ਮੁਕੰਮਲ ਕਰ ਲਏ ਜਾਣ।

**8.0** ਬੱਚਿਆਂ ਦੀ ਕਾਰਗੁਜਾਰੀ 31 ਮਾਰਚ, 2015 ਨੂੰ ਦੱਸੀ ਜਾਵੇਗੀ।ਇਸ ਲਈ ਸਮੂਹ ਸਕੂਲ ਮੁੱਖੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਾਪੇ-ਅਧਿਆਪਕ ਮਿਲਣੀ (PTM) 31 ਮਾਰਚ 2015 ਨੂੰ ਲਾਜ਼ਮੀ ਤੌਰ ਤੇ ਸਵੇਰੇ 10:00 ਵਜੇ ਤੋਂ 2:00 ਵਜੇ ਤੱਕ ਆਯੋਜਿਤ ਕਰਵਾਉਣਾ ਯਕੀਨੀ ਬਣਾਉਣ ਤਾਂ ਜੋ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਸਾਂਝੀ ਕੀਤੀ ਜਾ ਸਕੇ ਅਤੇ ਵਿਦਿਆਰਥੀਆਂ ਦੇ ਭਵਿੱਖ ਲਈ ਸਕਾਰਤਮਕ ਸਿੱਟੇ ਨਿਕਲ ਸਕਣ।

**10.0** ਸਮੂਹ ਸਕੂਲ ਮੁੱਖੀ, ਜਮਾਤ ਇੰਚਾਰਜ ਦੁਆਰਾ ਉੱਕਤ ਸਮਾਂ ਸਾਰਣੀ ਨੂੰ ਵਿਦਿਆਰਥੀਆਂ ਦੀ ਕਾਪੀ ਤੇ ਨੋਟ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਸਹੀ ਤਰੀਕੇ ਨਾਲ ਦੁਹਰਾਈ ਕਰਵਾਉਣ ਲਈ ਵਿਸ਼ਾ ਅਧਿਆਪਕ ਨੂੰ ਦੁਹਰਾਈ ਚਾਰਟ ਬਣਾਉਣ ਦੀ ਹਦਾਇਤ ਕਰਨ।

**11.0** ਉੱਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ**

ਪਿੱਠ ਅੰਕਣ ਨੰ: ਸਸਅ/ਐਮਸੀ/2015 2015 2965 ਮਿਤੀ : 25-02-2015

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡੀ.ਪੀ.ਆਈ. (ਸੈ.ਸਿ.), ਪੰਜਾਬ।
2. ਡੀ.ਪੀ.ਆਈ. (ਐ.ਸਿ.), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
4. ਡਿਪਟੀ ਐਸ.ਪੀ.ਡੀ. (ਆਰ.ਐਮ.ਐਸ.ਏ.), ਪੰਜਾਬ।
5. ਡੀ.ਐਮ. (ਐਮ.ਆਈ.ਐਸ.)।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ**